# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-03-2024**

- ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਦੇਸ਼ ਵਿਚ ਲੋਕਸਭਾ ਆਮ ਚੋਣਾਂ ਸੱਤ ਗੇੜਾਂ ਵਿਚ ਕਰਵਾਉਣ ਦਾ ਐਲਾਨ ਕੀਤਾ, ਗਿਣਤੀ ਚਾਰ ਜੂਨ ਨੂੰ ਹੋਵੇਗੀ ਅਤੇ 6 ਜੂਨ ਤਕ ਚੋਣ ਅਮਲ ਪੂਰਾ ਕਰ ਲਿਆ ਜਾਵੇਗਾ।
- ਰਾਜੀਵ ਕੁਮਾਰ ਨੇ ਵੋਟਰਾਂ ਨੂੰ ਖੁਲ ਕੇ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਅਤੇ ਮੀਡੀਆ ਨੂੰ ਪੇਡ ਨਿਊਜ਼ ਤੋਂ ਦੂਰ ਰਹਿਣ ਦੀ ਅਪੀਲ ਕੀਤੀ।
- ਪੰਜਾਬ ਦੇ ਸਾਰੇ 13 ਲੋਕਸਭਾ ਹਲਕਿਆਂ ਵਿਚ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਵੋਟਿੰਗ ਹੋਵੇਗੀ ਅਤੇ ਇਸ ਲਈ ਨੋਟੀਫਿਕੇਸ਼ਨ ਸੱਤ ਮਈ ਨੂੰ ਜਾਰੀ ਕੀਤਾ ਜਾਵੇਗਾ।

- ਡਾ. ਬੀ ਆਰ ਅੰਬੇਡਕਰ ਨੈਸ਼ਨਲ ਇੰਸਟੀਟਿਊਟ ਆਫ਼ ਟੈਕਨਾਲੋਜੀ ਜਲੰਧਰ ਵੱਲੋਂ ਆਪਣੀ 19ਵੀਂ ਸਲਾਨਾ ਕਨਵੋਕੇਸ਼ਨ ਦਾ ਆਯੋਜਨ ।

---------------------------------------------------

ਭਾਰਤ ਚੋਣ ਕਮਿਸ਼ਨ ਨੇ ਦੇਸ਼ ਦੇ 543 ਲੋਕਸਭਾ ਹਲਕਿਆਂ ਲਈ ਚੋਣ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਏ । ਨਵੀਂ ਦਿੱਲੀ ਵਿਚ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਦੱਸਿਆ ਕਿ ਦੇਸ਼ ਭਰ ਵਿਚ ਆਮ ਚੋਣਾਂ ਸੱਤ ਗੇੜਾਂ ਵਿਚ ਕਰਵਾਈਆਂ ਜਾਣਗੀਆਂ । ਇਨਾਂ ਸਾਰੇ ਗੇੜਾ ਦੀਆਂ ਵੋਟਾਂ ਦੀ ਗਿਣਤੀ 4 ਜੂਨ ਨੂੰ ਹੋਵੇਗੀ ਅਤੇ 6 ਜੂਨ ਤਕ ਚੋਣ ਅਮਲ ਨੂੰ ਪੂਰਾ ਕਰ ਲਿਆ ਜਾਵੇਗਾ । ਰਾਜੀਵ ਕੁਮਾਰ ਨੇ ਦੱਸਿਆ ਕਿ ਇਸ ਦੇ ਨਾਲ ਹੀ ਚਾਰ ਸੂਬਿਆਂ ਆਂਧਰਾ ਪ੍ਰਦੇਸ਼, ਅਰੁਣਾਚਲ ਪ੍ਰਦੇਸ਼, ਸਿੱਕਮ ਅਤੇ ਉੜੀਸਾ ਵਿਚ ਵਿਧਾਨਸਭਾ ਚੋਣਾਂ ਵੀ ਕਰਵਾਇਆਂ ਜਾਣਗੀਆਂ । ਰਾਜੀਵ ਕੁਮਾਰ ਨੇ ਦੱਸਿਆ ਕਿ ਚੋਣਾਂ ਦੌਰਾਨ 55 ਲੱਖ ਈ ਵੇ ਐਮ ਦੀ ਵਰਤੋਂ ਕੀਤੀ ਜਾਵੇਗੀ । ਉਨਾਂ ਕਿਹਾ ਕਿ ਦੇਸ਼ ਵਿਚ ਵੋਟਰਾਂ ਦੀ ਕੁਲ ਗਿਣਤੀ 96

ਅਸ਼ਰੀਆ 8 ਕਰੋੜ ਏ ਅਤੇ ਇਨਾਂ ਵਿਚ 49 ਅਸ਼ਰੀਆ 7 ਕਰੋੜ ਮਰਦ ਤੇ 47 ਅਸ਼ਰੀਆ 1 ਕਰੋੜ ਮਹਿਲਾ ਵੋਟਰ ਸ਼ਾਮਲ ਨੇ। ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਦੀ ਗਿਣਤੀ 1 ਅਸ਼ਰੀਆ 82 ਕਰੋੜ ਏ । ਦੇਸ਼ਭਰ ਦੇ ਵੋਟਰਾਂ ਨੂੰ ਅਪੀਲ ਕਰਦਿਆਂ ਰਾਜੀਵ ਕੁਮਾਰ ਨੇ ਕਿਹਾ ਕਿ ਚੋਣ ਕਮਿਸ਼ਨ ਨੇ ਬਹੁਤ ਮਿਹਨਤ ਕੀਤੀ ਏ ਅਤੇ ਵੋਟਰ ਵੋਟਿੰਗ ਵਿਚ ਖੁਲ ਕੇ ਹਿੱਸਾ ਲੈਣ। ਉਨਾਂ ਦੱਸਿਆ ਕਿ ਦੇਸ਼ ਦੇ 12 ਸੂਬੇ ਅਜਿਹੇ ਨੇ ਜਿੱਥੇ ਮਹਿਲਾ ਵੋਟਰਾਂ ਦੀ ਗਿਣਤੀ ਮਰਦਾਂ ਨਾਲੋਂ ਵੱਧ ਏ ਅਤੇ ਇਹ ਬੇਹੱਦ ਹੀ ਖੁਸ਼ੀ ਵਾਲੀ ਗੱਲ ਏ । ਰਾਜੀਵ ਕੁਮਾਰ ਨੇ ਸਿਆਸੀ ਪਾਰਟੀਆਂ ਨੂੰ ਵੀ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਸੰਭਲ ਕੇ ਕਰਨ ਦੀ ਸਲਾਹ ਦੇਂਦਿਆਂ ਇਕ ਦੂਜੇ ਤੇ ਨਿਜੀ ਹਮਲਿਆਂ ਤੋਂ ਬਚਣ ਦੀ ਸਲਾਹ ਵੀ ਦਿੱਤੀ । ਉਨਾਂ ਮੀਡੀਆ ਨੂੰ ਵੋਟਰਾਂ ਨੂੰ ਵੋਟਿੰਗ ਵਿਚ ਹਿੱਸਾ ਲੈਣ ਵਾਸਤੇ ਪ੍ਰੇਰਿਤ ਕਰਨ ਲਈ ਆਖਿਆ। ਉਨਾਂ ਕਿਹਾ ਕਿ ਚੋਣ ਕਮਿਸ਼ਨ ਫੇਕ ਨਿਊਜ਼ ਤੇ ਖਾਸ ਨਜ਼ਰ ਰੱਖੇਗਾ ਅਤੇ ਇਸ਼ਤਿਹਾਰ ਤੇ ਖ਼ਬਰ ਬਾਰੇ ਸਪਸ਼ਟ ਤੌਰ ਤੇ ਦੱਸਣਾ ਹੋਵੇਗਾ। ਇਸ ਬਾਰੇ ਅਖਬਾਰਾਂ ਦੇ ਸੰਪਾਦਕਾਂ ਨੂੰ ਇਕ ਐਡਵਾਇਜ਼ਰੀ ਵੀ ਜਾਰੀ ਕੀਤੀ ਗਈ ਏ। ਰਾਜੀਵ ਕੁਮਾਰ ਨੇ

ਕਿਹਾ ਕਿ ਚੋਣਾਂ ਵਿਚ ਹਿੰਸਾ ਲਈ ਕੋਈ ਥਾਂ ਨਹੀਂ ਏ। ਰਾਜੀਵ ਕੁਮਾਰ ਨੇ ਦੱਸਿਆ ਕਿ ਦੇਸ਼ਭਰ ਵਿਚ 10 ਅਸ਼ਰੀਆ 5 ਲੱਖ ਤੋਂ ਵੱਧ ਪੋਲਿੰਗ ਸਟੇਸ਼ਨਾਂ 'ਤੇ ਕੋਈ ਡੇਢ ਕਰੋੜ ਕਰਮਚਾਰੀ ਤਾਇਨਾਤ ਕੀਤੇ ਜਾਣਗੇ।

------------------------------------------------------------

**ਇੰਟਰੋ:** ਪੰਜਾਬ ਵਿਚ ਆਮ ਚੋਣਾਂ ਲਈ ਨੋਟੀਫਿਕੇਸ਼ਨ ਸੱਤ ਮਈ ਨੂੰ ਜਾਰੀ ਕੀਤਾ ਜਾਵੇਗਾ । **ਵੇਰਵੇ ਨਾਲ ਇਹ ਰਿਪੋਰਟ:**

***ਡਿਸਪੈਚ:*** ***ਦੇਸ਼ ਵਿਚ ਪਹਿਲੇ ਗੇੜ ਲਈ ਪੋਲਿੰਗ 19 ਅਪ੍ਰੈਲ, ਦੂਜੇ ਗੇੜ ਲਈ 26 ਅਪ੍ਰੈਲ, ਤੀਜੇ ਗੇੜ ਲਈ 7 ਮਈ, ਚੌਥੇ ਗੇੜ ਲਈ 13 ਮਈ, ਪੰਜਵੇਂ ਗੇੜ ਲਈ 20 ਮਈ, ਛੇਵੇਂ ਗੇੜ ਲਈ 25 ਮਈ ਅਤੇ ਸਤਵੇਂ ਤੇ ਆਖਰੀ ਗੇੜ ਲਈ ਪਹਿਲੀ ਜੂਨ ਨੂੰ ਪੋਲਿੰਗ ਹੋਵੇਗੀ। ਪੰਜਾਬ ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ਵਿਚ ਪੋਲਿੰਗ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਵੇਗੀ। ਪੰਜਾਬ ਦੀਆਂ ਚੋਣਾਂ ਲਈ ਨੋਟੀਫਿਕੇਸ਼ਨ ਸੱਤ ਮਈ ਨੂੰ ਜਾਰੀ ਹੋਣ ਦੇ ਨਾਲ ਹੀ ਸੂਬੇ ਵਿਚ ਨਾਮਜ਼ਦਗੀਆਂ ਭਰਨ ਦਾ ਸਿਲਸਿਲਾ ਸ਼ੁਰੂ ਹੋ ਜਾਵੇਗਾ । ਨਾਮਜ਼ਦਗੀਆਂ ਭਰਨ ਦੀ ਆਖਰੀ ਤਾਰੀਕ 14 ਮਈ ਹੋਵੇਗੀ ਅਤੇ***

*15 ਮਈ ਨੂੰ ਨਾਮਜ਼ਦਗੀਆਂ ਦੀ ਜਾਂਚ ਪੜਤਾਲ ਕੀਤੀ ਜਾਵੇਗੀ । ਉਮੀਦਵਾਰ 17 ਮਈ ਤਕ ਆਪਣੇ ਨਾਮ ਵਾਪਸ ਲੈ ਸਕਣਗੇ । ਪੋਲਿੰਗ ਪਹਿਲੀ ਜੂਨ ਨੂੰ ਹੋਵੇਗੀ । ਆਖਰੀ ਗੇੜ ਵਿਚ ਚੋਣ ਹੋਣ ਕਰਨ ਪੰਜਾਬ ਦੇ ਉਮੀਦਵਾਰਾਂ ਨੂੰ ਨਤੀਜੇ ਲਈ ਵੱਧ ਸਮੇਂ ਤਕ ਇੰਤਜਾਰ ਨਹੀਂ ਕਰਨਾ ਪਵੇਗਾ ਕਿਉਂਜੋ ਵੋਟਾਂ ਦੀ ਗਿਣਤੀ ਚਾਰ ਜੂਨ ਨੂੰ ਕੀਤੀ ਜਾਣੀ ਏ । ਚੋਣਾਂ ਦੇ ਐਲਾਨ ਦੇ ਨਾਲ ਹੀ ਆਦਰਸ਼ ਚੋਣ ਜਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ । ਹੁਣ ਕਿਸੇ ਵੀ ਨਵੇਂ ਵਿਕਾਸ ਕੰਮ ਨੂੰ ਸ਼ੁਰੂ ਕਰਨ ਤੇ ਪੂਰੀ ਤਰ੍ਹਾਂ ਰੋਕ ਹੋਵੇਗੀ । ਇਸ ਦੀ ਅਵਹੇਲਣਾ ਨੂੰ ਆਦਰਸ਼ ਚੋਣ ਜ਼ਾਬਤੇ ਦੀ ਸਪੱਸ਼ਟ ਉਲੰਘਣਾ ਮੰਨਿਆ ਜਾਵੇਗਾ । ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਪਹਿਲਾਂ ਸ਼ੁਰੂ ਵਿਕਾਸ ਕਾਰਜਾਂ ਨੂੰ ਹੀ ਮਨਜ਼ੂਰੀ ਮਿਲੇਗੀ । ਇਸ ਤੋਂ ਇਲਾਵਾ, ਵੱਖ-ਵੱਖ ਸਮਾਜਿਕ ਸੁਰੱਖਿਆ ਸਕੀਮਾਂ, ਭਲਾਈ ਪ੍ਰੋਗਰਾਮਾਂ ਅਤੇ ਹੋਰਾਂ ਅਧੀਨ ਨਵੀਂ ਰਜਿਸਟ੍ਰੇਸ਼ਨ 'ਤੇ ਵੀ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-----------------------------------------------------------

ਭਾਜਪਾ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਹਿਜ਼ ਇੱਕ ਅਖਬਾਰੀ ਮੁੱਖ ਮੰਤਰੀ ਕਰਾਰ ਦਿੰਦਿਆਂ ਕਿਹਾ ਏ ਕਿ ਨਸ਼ਿਆਂ ਦੇ ਪ੍ਰਸਾਰ, ਢਹਿ ਢੇਰੀ ਹੋ ਰਹੀ ਆਰਥਿਕਤਾ, ਕੁਸ਼ਾਸਨ, ਜੰਗਲ ਰਾਜ, ਟੁੱਟੇ ਵਾਅਦੇ, ਬੇਕਾਬੂ ਮਾਈਨਿੰਗ ਮਾਫੀਆ ਅਤੇ ਭ੍ਰਿਸ਼ਟਾਚਾਰ ਆਪ ਸਰਕਾਰ ਦੇ ਦੋ ਸਾਲਾਂ ਦੇ ਕਾਰਜਕਾਲ ਦਾ ਪ੍ਰਤੀਕ ਨੇ । ਚੰਡੀਗੜ੍ਹ ਤੋਂ ਅੱਜ  ਜਾਰੀ ਇੱਕ ਬਿਆਨ ਵਿੱਚ ਉਨਾਂ ਪੰਜਾਬ ਨੂੰ ਇਸ ਦੇ ਕਾਲੇ ਦੌਰ ਵਿੱਚ ਧੱਕਣ ਲਈ ਆਪ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ । ਜੈਵੀਰ ਸ਼ੇਰਗਿੱਲ ਨੇ ਕਿਹਾ ਕਿ ਆਪ ਸਰਕਾਰ ਦੀਆਂ ਗਲਤ ਨੀਤੀਆਂ ਤੋਂ ਸਮਾਜ ਦੇ ਸਾਰੇ ਵਰਗ ਖਾਸ ਕਰਕੇ ਕਿਸਾਨ ਅਤੇ ਉਦਯੋਗ ਬੁਰੀ ਤਰ੍ਹਾਂ ਦੁਖੀ ਨੇ । ਉਨਾਂ ਅਫਸੋਸ ਜ਼ਾਹਰ ਕੀਤਾ ਕਿ ਸਰਕਾਰ ਬਣਨ ਤੋਂ 4 ਮਹੀਨਿਆਂ ਅੰਦਰ ਪੰਜਾਬ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਵਿੱਚ ਸਰਕਾਰ ਦੀ ਨਾਕਾਮੀ ਇੱਕ ਟੁੱਟਿਆ ਹੋਇਆ ਵਾਅਦਾ ਏ ਅਤੇ ਨਸ਼ੇ ਦੀ ਓਵਰਡੋਜ਼ ਕਾਰਨ ਹੁਣ ਤੱਕ 200 ਤੋਂ ਵੱਧ ਮੌਤਾਂ ਹੋ ਚੁੱਕੀਆਂ ਨੇ । ਉਨ੍ਹਾਂ ਕਿਹਾ ਕਿ ਆਬਕਾਰੀ ਨੀਤੀ ਘੁਟਾਲੇ ਨੂੰ ਲੈ

ਕੇ ਨਾ ਸਿਰਫ਼ ਆਪ ਸਰਕਾਰ ਸਵਾਲਾਂ ਦੇ ਘੇਰੇ 'ਚ ਏ ਸਗੋਂ ਸੂਬੇ 'ਚ ਭ੍ਰਿਸ਼ਟਾਚਾਰ ਵੀ ਬੇਰੋਕ ਜਾਰੀ ਏ।

---------------------------------------------------------------

ਡਾ. ਬੀ ਆਰ ਅੰਬੇਡਕਰ ਨੈਸ਼ਨਲ ਇੰਸਟੀਟਿਊਟ ਆਫ਼ ਟੈਕਨਾਲੋਜੀ ਜਲੰਧਰ ਵੱਲੋਂ ਅੱਜ ਆਪਣੀ 19ਵੀਂ ਸਲਾਨਾ ਕਨਵੋਕੇਸ਼ਨ ਦਾ ਆਯੋਜਨ ਕੀਤਾ ਗਿਆ। ਰੱਖਿਆ ਖੋਜ ਤੇ ਵਿਕਾਸ ਵਿਭਾਗ ਦੇ ਸਕੱਤਰ ਅਤੇ ਡੀਆਰਡੀਓ ਦੇ ਚੇਅਰਮੈਨ ਡਾ. ਸਮੀਰ ਵੀ ਕਾਮਤ ਇਸ ਦੇ ਮੁੱਖ ਮਹਿਮਾਨ ਰਹੇ। ਕਨਵੋਕੇਸ਼ਨ ਵਿੱਚ 1504 ਵਿਦਿਆਰਥੀਆਂ ਨੂੰ ਵੱਖ ਵੱਖ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਡਾ. ਸਮੀਰ ਵੀ. ਕਾਮਤ ਨੇ ਨੌਜਵਾਨ ਗ੍ਰੈਜੂਏਟ ਵਿਦਿਆਰਥੀਆਂ ਨੂੰ ਰਾਸ਼ਟਰੀ ਪ੍ਰਸਿੱਧੀ ਵਾਲੇ ਸੰਸਥਾਨ ਤੋਂ ਡਿਗਰੀਆਂ ਪ੍ਰਾਪਤ ਕਰਨ ਲਈ ਵਧਾਈ ਦਿੱਤੀ ਅਤੇ ਦੇਸ਼ ਦੇ ਭਵਿੱਖ ਨੂੰ ਸੰਵਾਰਨ ਵਿੱਚ ਟੈਕਨਾਲੋਜੀ ਦੀ ਭੂਮਿਕਾ ਦੇ ਨਾਲ-ਨਾਲ ਵਿਦਿਆਰਥੀਆਂ ਦੀ ਮਿਹਨਤ ਤੇ ਲਗਨ ਨਾਲ ਇਸ ਨੂੰ ਅੱਗੇ ਲਿਜਾਣ 'ਤੇ ਜ਼ੋਰ ਦਿੱਤਾ। ਉਨਾਂ ਕਿਹਾ ਕਿ ਵਿਦਿਆਰਥੀਆਂ ਦਾ ਉਤਸ਼ਾਹ ਦੇਖ ਕੇ ਉਨਾਂ ਨੂੰ ਬੇਹੱਦ ਹੀ ਖੁਸ਼ੀ ਹੋਈ ਏ। ਗਵਰਨਿੰਗ ਕੌਂਸਲ ਦੇ ਚੇਅਰਮੈਨ

ਅਤੇ ਡਾਇਰੈਕਟਰ ਪ੍ਰੋਫੈਸਰ ਬਿਨੋਦ ਕੁਮਾਰ ਕਨੌਜੀਆ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਦੁਆ ਕਰਦਿਆਂ ਉਨ੍ਹਾਂ ਨੂੰ ਦਿਨ ਰਾਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਨਾਂ ਕਿਹਾ ਕਿ ਇਹ ਸੰਸਥਾਨ ਦੇਸ਼ ਦੀਆਂ ਚੋਟੀ ਦੀਆਂ 50 ਇੰਜਨੀਅਰਿੰਗ ਸੰਸਥਾਵਾਂ ਦੇ ਸਮੂਹ ਵਿੱਚ ਸ਼ਾਮਲ ਹੋ ਗਿਆ ਏ। ਸਾਰੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੇ ਇਸ ਪਲ ਦਾ ਭਰਪੂਰ ਜਸ਼ਨ ਮਨਾਇਆ ਅਤੇ ਆਪਣੇ ਕਰੀਅਰ ਤੇ ਜੀਵਨ ਨੂੰ ਇੱਕ ਦਿਸ਼ਾ ਦੇਣ ਵਿੱਚ ਐੱਨ ਆਈ ਟੀ ਜਲੰਧਰ ਦੀ ਭੂਮਿਕਾ ਦੀ ਸ਼ਲਾਘਾ ਕੀਤੀ।

---------------------------------------------------------------

ਸਾਬਕਾ ਅਧਿਕਾਰੀ ਨਵਨੀਤ ਕੁਮਾਰ ਸਹਿਗਲ ਨੇ ਅੱਜ ਪ੍ਰਸਾਰ ਭਾਰਤੀ ਦੇ ਨਵੇਂ ਚੇਅਰਮੈਨ ਵਜੋਂ ਅਹੁਦਾ ਸੰਭਾਲ ਲਿਆ। ਨਵਨੀਤ ਕੁਮਾਰ ਸਹਿਗਲ ਉਤਰ ਪ੍ਰਦੇਸ਼ ਕੇਡਰ ਦੇ 1988 ਬੈਚ ਦੇ ਸੇਵਾਮੁਕਤ ਨੌਕਰਸ਼ਾਹ ਨੇ। ਇਸ ਤੋਂ ਪਹਿਲਾਂ ਦੇ ਰਾਸ਼ਟਰਪਤੀ  ਦ੍ਰੋਪਦੀ ਮੁਰਮੂ ਨੇ ਉਪ-ਰਾਸ਼ਟਰਪਤੀ  ਜਗਦੀਪ ਧਨਖੜ ਦੀ ਅਗਵਾਈ ਵਾਲੀ ਪ੍ਰਸਾਰ

ਭਾਰਤੀ ਦੇ ਚੇਅਰਮੈਨ ਲਈ, ਚੋਣ ਕਮੇਟੀ ਵਲੋਂ ਉਨ੍ਹਾਂ ਦੇ ਨਾਮ ਦਾ ਐਲਾਨ ਕਰਨ ਤੋਂ ਬਾਅਦ ਉਨ੍ਹਾਂ ਨੂੰ ਨਿਯੁਕਤ ਕੀਤਾ ਸੀ।

---------------------------------------------------------------

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫੁੱਲ-ਟਾਈਮ ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ। ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ ਸ਼ਾਮਲ ਨੇ। ਇਸ ਸੰਬੰਧੀ ਵੇਰਵਾ news on air. gov.in ਸਲੈਸ਼ vacancies 'ਤੇ ਉਪਲਬਧ ਏ। ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ।

---------------------------------------------------------------

- ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਦੇਸ਼ ਵਿਚ ਲੋਕਸਭਾ ਆਮ ਚੋਣਾਂ ਸੱਤ ਗੇੜਾਂ ਵਿਚ ਕਰਵਾਉਣ ਦਾ ਐਲਾਨ ਕੀਤਾ,

ਗਿਣਤੀ ਚਾਰ ਜੂਨ ਨੂੰ ਹੋਵੇਗੀ ਅਤੇ 6 ਜੂਨ ਤਕ ਚੋਣ ਅਮਲ ਪੂਰਾ ਕਰ ਲਿਆ ਜਾਵੇਗਾ।

- ਰਾਜੀਵ ਕੁਮਾਰ ਨੇ ਵੋਟਰਾਂ ਨੂੰ ਖੁਲ ਕੇ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਅਤੇ ਮੀਡੀਆ ਨੂੰ ਪੇਡ ਨਿਊਜ਼ ਤੋਂ ਦੂਰ ਰਹਿਣ ਦੀ ਅਪੀਲ ਕੀਤੀ।
- ਪੰਜਾਬ ਦੇ ਸਾਰੇ 13 ਲੋਕਸਭਾ ਹਲਕਿਆਂ ਵਿਚ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਵੋਟਿੰਗ ਹੋਵੇਗੀ ਅਤੇ ਇਸ ਲਈ ਨੋਟੀਫਿਕੇਸ਼ਨ ਸੱਤ ਮਈ ਨੂੰ ਜਾਰੀ ਕੀਤਾ ਜਾਵੇਗਾ।
- ਡਾ. ਬੀ ਆਰ ਅੰਬੇਡਕਰ ਨੈਸ਼ਨਲ ਇੰਸਟੀਟਿਊਟ ਆਫ਼ ਟੈਕਨਾਲੋਜੀ ਜਲੰਧਰ ਵੱਲੋਂ ਆਪਣੀ 19ਵੀਂ ਸਲਾਨਾ ਕਨਵੋਕੇਸ਼ਨ ਦਾ ਆਯੋਜਨ।